20265771
10/4/2026
ਜੀ-1

# ਚੋਣਕਾਰ ਰਜਿਸਟਰੇਸ਼ਨ ਅਫਸਰ, 092-ਬਠਿੰਡਾ (ਸ਼ਹਿਰੀ)
## -ਕਮ- ਉਪ ਮੰਡਲ ਮੈਜਿਸਟਰੇਟ, ਬਠਿੰਡਾ

(Room No. 316, 2nd Floor, Mini Secretariat, Bathinda) E-Mail ID :- ero-92@punjab.gov.in

ਪੱਤਰ ਨੰ 476 ਚੋਣਾਂ 2026 ਮਿਤੀ 10.04.2026

ਵਿਖੇ

ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.),
ਬਠਿੰਡਾ।

ਵਿਸ਼ਾ :- ਅਧਿਆਪਕਾਂ/ਕਰਮਚਾਰੀਆਂ ਦੀ ਚੋਣਾਂ ਦੇ ਸਬੰਧ ਵਿੱਚ ਲਗਾਈ ਗਈ ਡਿਊਟੀ ਸਬੰਧੀ

ਹਵਾਲਾ:- ਆਪ ਦੇ ਦਫਤਰ ਦੇ ਪੱ:ਨੰ:2026/22 ਮਿਤੀ:07-04-2026 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਹਵਾਲਾ ਅਧੀਨ ਪੱਤਰ ਰਾਹੀਂ ਆਪ ਦੇ ਦਫਤਰ ਵਲੋਂ ਜਿਹੜੇ ਅਧਿਆਪਕਾਂ/ਕਰਮਚਾਰੀਆਂ ਦੀ ਡਿਊਟੀ ਗੈਰ ਵਿਦਿਅਕ ਦੇ ਕੰਮ ਵਿੱਚ ਲੱਗੀ ਹੋਈ ਹੈ, ਨੂੰ ਸਵੇਰੇ 08 ਵਜੇ ਤੋਂ 11 ਵਜੇ ਤੱਕ ਸਕੂਲ ਵਿਖੇ ਹਾਜਰ ਆਉਣ ਲਈ ਲਿਖਿਆ ਗਿਆ ਹੈ।

ਇਸ ਸਬੰਧੀ ਆਪ ਨੂੰ ਲਿਖਿਆ ਜਾਂਦਾ ਹੈ ਕਿ ਮਾਨਯੋਗ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਅਤੇ ਮਾਨਯੋਗ ਮੁੱਖ ਚੋਣ ਅਫਸਰ, ਪੰਜਾਬ ਜੀ ਦੀ ਅਗਵਾਈ ਹੇਠ PRE SIR 2026 ਦਾ ਕੰਮ ਪ੍ਰਗਤੀ ਅਧੀਨ ਹੈ ਅਤੇ ਬੀ.ਐਲ.ਓਜ਼. ਵਲੋਂ ਘਰ ਘਰ ਜਾ ਕੇ ਵੋਟਰਾਂ ਨੂੰ ਐਸ.ਆਈ.ਆਰ. 2003 ਨਾਲ ਮੈਪ ਕੀਤਾ ਜਾ ਰਿਹਾ ਹੈ। ਇਹ ਇੱਕ ਮਿਤੀ ਬੱਧ ਕੰਮ ਹੈ। ਇਸ ਲਈ 092 ਬਠਿੰਡਾ (ਸ਼ਹਿਰੀ) ਵਿਧਾਨ ਸਭਾ ਹਲਕਾ ਅਧੀਨ ਬੀ.ਐਲ.ਓ. ਡਿਊਟੀ ਨਿਭਾ ਰਹੇ ਕਰਮਚਾਰੀ ਅਤੇ ਇਸ ਹਲਕੇ ਦੇ ਚੋਣ ਸੈੱਲ ਵਿੱਚ ਡਿਊਟੀ ਨਿਭਾ ਰਹੇ ਕਰਮਚਾਰੀ ਆਪਣੀ ਚੋਣ ਡਿਊਟੀ ਤੇ ਲਗਾਤਾਰ ਹਾਜ਼ਰ ਰਹਿਣਗੇ। ਉਨ੍ਹਾਂ ਨੂੰ ਦਫਤਰ ਜਾਂ ਕਿਸੇ ਹੋਰ ਕੰਮ ਲਈ ਪਾਬੰਦ ਕਰਨ ਤੋਂ ਗੁਰੇਜ਼ ਕੀਤਾ ਜਾਵੇ। ਇਸ ਤਰ੍ਹਾਂ ਕਰਨ ਨਾਲ ਚੋਣਾਂ ਦੇ ਕੰਮ ਵਿੱਚ ਵਿਘਨ ਪੈ ਸਕਦਾ ਹੈ ਅਤੇ ਇਸ ਸਬੰਧੀ ਆਪ ਦੀ ਨਿੱਜੀ ਜ਼ਿੰਮੇਵਾਰੀ ਹੋਵੇਗੀ। ਇਹ ਆਪ ਦੀ ਸੂਚਨਾਂ ਹਿੱਤ ਹੈ।

ਚੋਣਕਾਰ ਰਜਿਸਟਰੇਸ਼ਨ ਅਫ਼ਸਰ,
092 ਬਠਿੰਡਾ ਸ਼ਹਿਰੀ-ਕਮ-
ਉਪ ਮੰਡਲ ਮੈਜਿਸਟਰੇਟ, ਬਠਿੰਡਾ।

ਪਿੱਠ ਅੰਕਣ ਨੰ:477-79/ਚੋਣਾਂ ਮਿਤੀ:10.04...../2026

ਇਸ ਦਾ ਇੱਕ ਉਤਾਰਾ:

1. ਜ਼ਿਲ੍ਹਾ ਚੋਣ ਅਫਸਰ, ਬਠਿੰਡਾ ਜੀ ਪਾਸ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ।
2. ਸਮੂਹ ਸੈਕਟਰ ਅਫਸਰ, 092 ਬਠਿੰਡਾ (ਸ਼ਹਿਰੀ) ਪਾਸ ਭੇਜ਼ ਕੇ ਲਿਖਿਆ ਜਾਂਦਾ ਹੈ ਕਿ ਆਪ ਅਧੀਨ ਆਉਂਦੇ ਬੀ.ਐਲ.ਓਜ਼ ਨੂੰ ਬੀ.ਐਲ.ਓ. ਡਿਊਟੀ ਤੇ ਹਾਜ਼ਰ ਰਹਿਣ ਦੀ ਹਦਾਇਤ ਕੀਤੀ ਜਾਵੇ ਅਤੇ ਮੈਪਿੰਗ ਦਾ ਕੰਮ 100 ਪ੍ਰਤੀਸ਼ਤ ਮੁਕੰਮਲ ਕਰਨਾ ਯਕੀਨੀ ਬਣਾਇਆ ਜਾਵੇ।
3. ਚੋਣ ਸੈੱਲ 092 ਬਠਿੰਡਾ (ਸ਼ਹਿਰੀ) ਵਿੱਚ ਕੰਮ ਕਰਦੇ ਸਿੱਖਿਆ ਵਿਭਾਗ ਦੇ ਸਮੂਹ ਕਰਮਚਾਰੀਆਂ ਪਾਸ ਭੇਜ਼ ਕੇ ਲਿਖਿਆ ਜਾਂਦਾ ਹੈ ਕਿ ਇਸ ਦਫਤਰ ਵਿਖੇ ਲਗਾਈ ਗਈ ਡਿਊਟੀ ਤੇ ਹਾਜ਼ਰ ਰਹਿਣਾ ਯਕੀਨੀ ਬਣਾਇਆ ਜਾਵੇ।

ਚੋਣਕਾਰ ਰਜਿਸਟਰੇਸ਼ਨ ਅਫ਼ਸਰ,
092 ਬਠਿੰਡਾ ਸ਼ਹਿਰੀ-ਕਮ-
ਉਪ ਮੰਡਲ ਮੈਜਿਸਟਰੇਟ, ਬਠਿੰਡਾ।

## ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)ਬਠਿੰਡਾ

ਪਿਠ ਅੰਕਣ ਨੰ ਜੀ-1/1 ( )2026/ 8016 ਮਿਤੀ: 10-04-26

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ (092 ਬਠਿੰਡਾ ) ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਅਨੁਸਾਰ ਦਰਜ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ ।